**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 15-10-2024**

- **ਪੰਜਾਬ ਵਿੱਚ ਪੰਚਾਇਤੀ ਚੋਣਾਂ ਲਈ ਅੱਜ ਸਵੇਰੇ 8 ਵਜੇ ਸ਼ੁਰੂ ਹੋਈ ਪੋਲਿੰਗ ਖਤਮ ਹੋ ਗਈ ਏ । ਵੋਟਾਂ ਦੀ ਗਿਣਤੀ ਸਖਤ ਸੁਰਖਿਆ ਪ੍ਰਬੰਧਾਂ ਹੇਠ ਕੀਤੀ ਜਾ ਰਹੀ ਏ .**
- **ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਦੀਆਂ ਚਾਰ ਵਿਧਾਨ ਸਭਾ ਸੀਟਾਂ ਡੇਰਾ ਬਾਬਾ ਨਾਨਕ, ਚੱਬੇਵਾਲ (ਐਸ.ਸੀ),ਗਿੱਦੜਬਾਹਾ ਅਤੇ ਬਰਨਾਲਾ ਲਈ ਜ਼ਿਮਨੀ ਚੋਣਾਂ ਦਾ ਐਲਾਨ ਕਰ ਦਿੱਤਾ ਗਿਆ ਏ ।**
- **ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅਧਿਕਾਰੀਆਂ ਨੂੰ ਕਰੀਬ 2 ਹਜ਼ਾਰ 436 ਕਰੋੜ ਰੁਪਏ ਦੀ ਲਾਗਤ ਨਾਲ 13 ਹਜ਼ਾਰ 400 ਕਿਲੋਮੀਟਰ ਲਿੰਕ ਸੜਕਾਂ ਬਣਾਉਣ ਦੇ ਨਿਰਦੇਸ਼ ਦਿੱਤੇ ਨੇ ।**
- **ਪੰਜਾਬ ਸਰਕਾਰ ਵੱਲੋਂ ਆਉਂਦੇ ਤਿਉਹਾਰਾਂ ਦੌਰਾਨ ਦੀਵਾਲੀ, ਗੁਰਪੁਰਬ, ਕ੍ਰਿਸਮਸ ਅਤੇ ਨਵੇਂ ਸਾਲ ਮੌਕੇ ਸੂਬੇ ਵਿੱਚ ਪਟਾਕਿਆਂ ਦੀ ਵਿਕਰੀ ਅਤੇ ਵਰਤੋਂ ਸਬੰਧੀ ਵਿਆਪਕ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ ।**

**-----------------------------------------------------------**

**ਪੰਜਾਬ ਵਿੱਚ ਪੰਚਾਇਤੀ ਚੋਣਾਂ ਲਈ ਵੋਟਾਂ ਅੱਜ ਸਵੇਰੇ 8 ਵਜੇ ਸ਼ੁਰੂ ਹੋਈ ਪੋਲਿੰਗ ਖਤਮ ਹੋ ਗਈ ਏ । ਪੋਲਿੰਗ ਵੱਡੇ - ਪਧਰ 'ਤੇ ਅਮਨੋ - ਅਮਾਨ ਨਾਲ ਪੂਰੀ ਹੋਈ ਕਿਸੇ ਵੱਡੀ ਅਣਸੁਖਾਵੀਂ ਘਟਨਾ ਦੀ ਕੋਈ ਖਬਰ ਨਹੀਂ ਏ. ਪੋਲਿੰਗ ਦੌਰਾਂਨ ਕਈ ਥਾਂਵਾਂ 'ਤੇ ਵੋਟਰਾਂ ਦੀਆਂ ਲੰਮੀਆਂ ਕਤਾਰਾਂ ਲੱਗੀਆਂ ਹੋਈਆਂ ਵੇਖੀਆਂ ਗਈਆਂ । ਪੰਜਾਬ ਭਰ 'ਚ ਇਹਨਾਂ ਚੋਣਾਂ ਲਈ ਯੋਗ ਵੋਟਰਾਂ ਦੀ ਗਿਣਤੀ ਇਕ ਕਰੋੜ 33 ਲੱਖ ਏ । ਸੂਬੇ ਵਿੱਚ ਕੁੱਲ 13 ਹਜ਼ਾਰ 937 ਗ੍ਰਾਮ ਪੰਚਾਇਤਾਂ ਨੇ ਤੇ ਚੋਣਾਂ ਬੈਲੇਟ ਪੇਪਰ ਰਾਹੀਂ ਕਰਵਾਈਆਂ ਗਈਆਂ।**

---

ਬਾਅਦ ਦੁਪਹਿਰ 4  ਵਜੇ ਤੱਕ ਜ਼ਿੱਲਾ

- ਹੋਸ਼ਿਆਰਪੁਰ  ਚ 44.5 ਫੀਸਦੀ
- ਪਠਾਨਕੋਟ ਚ 68 ਫੀਸਦੀ
- ਮੋਗਾ ਚ 57.26 ਫੀਸਦੀ
- ਕਪੂਰਥਲਾ ਚ 55 ਫੀਸਦੀ
- ਪਟਿਆਲਾ ਚ 59 ਫੀਸਦੀ
- ਡੇਰਬਸਸੀ ਬਲਾਕ ਚ 70 ਫੀਸਦੀ
- ਮੋਹਾਲੀ ਚ 60 ਫੀਸਦੀ ਵੋਟਿੰਗ ਦਰਜ ਕੀਤੀ ਗਈ ਏ ।

---

ਪੋਲਿੰਗ ਖਤਮ ਹੋਣ ਮਗਰੋਂ ਹੁਣ ਵੋਟਾਂ ਦੀ ਗਿਣਤੀ ਸਖਤ ਸੁਰਖਿਆ ਪ੍ਰਬੰਧਾਂ ਹੇਠ ਕੀਤੀ ਜਾ ਰਹੀ ਏ ।

---

ਲੋਕਾਂ ਨੇ ਵੀ ਵੱਧ ਚੜ੍ਹ ਕੇ ਪੋਲਿੰਗ ਚ ਹਿੱਸਾ ਲਿਆ ਮੋਗਾ ਤੋਂ ਮਨਪ੍ਰੀਤ ਸਿੰਘ ਆਪਣੀ ਵੋਟ ਪਾਉਣ ਤੋਂ ਬਾਅਦ ਸਾਡੇ ਪੱਤਰਕਾਰ  ਨਾਲ ਗੱਲਬਾਤ ਕਰਦਿਆਂ ਆਪਣੀ ਖੁਸ਼ੀ ਜਾਹਿਰ ਕੀਤੀ ।

---

ਪੰਚਾਇਤੀ ਚੋਣਾਂ ਦੌਰਾਨ ਅੱਜ ਮਾਨਸਾ ਸ਼ਹਿਰ ਦੇ ਬਿਲਕੁਲ ਨਾਲ ਲੱਗਦੇ ਪਿੰਡ ਮਾਨਸਾ ਖੁਰਦ ਵਿੱਚ ਸਰਪੰਚ ਦੀ ਚੋਣ ਲੜ ਰਹੇ ਦੋ ਉਮੀਦਵਾਰਾਂ ਦੇ ਚੋਣ ਨਿਸ਼ਾਨ ਅਦਲਾ-ਬਦਲੀ ਹੋਣ ਕਾਰਨ ਚੋਣਾਂ ਨੂੰ ਰੱਦ ਕਰ ਦਿੱਤਾ ਗਿਆ। ਪੰਚ ਲਈ ਹੋ ਰਹੀਆਂ ਚੋਣਾਂ ਵਿੱਚ ਇੱਕ ਉਮੀਦਵਾਰ ਦੇ ਨਾਂ ਲਿਖਣ ਦੀ ਥਾਂ ਉਸਦੇ ਪਿਤਾ, ਜਿਹਨਾਂ ਦੀ ਕਈ ਸਾਲ ਪਹਿਲਾਂ ਮੌਤ ਹੋ ਚੁਕੀ ਏ, ਦਾ ਨਾਂ ਬੈਲਟ ਪੇਪਰ 'ਤੇ ਛਪਣ ਕਾਰਨ ਰੱਦ ਕਰ ਦਿੱਤੀਆਂ ਗਈਆਂ । ਚੋਣਾਂ ਰੱਦ ਹੋਣ ਤੋਂ ਬਾਅਦ ਮੁਲਾਜ਼ਮ ਆਪਣੀ ਚੋਣ ਸਮੱਗਰੀ ਵਾਪਸ ਲੈਕੇ ਚਲੇ ਗਏ.।ਮਾਨਸਾ ਦੇ ਜ਼ਿਲ੍ਹਾ ਚੋਣ ਅਫ਼ਸਰ ਕੁਲਵੰਤ ਸਿੰਘ ਨੇ

ਚੋਣਾਂ ਰੱਦ ਕਰਨ ਦਾ ਐਲਾਨ ਕਰਦਿਆਂ ਦੱਸਿਆ ਕਿ ਫਿਲਹਾਲ ਪਿੰਡ ਮਾਨਸਾ ਖੁਰਦ ਦੀ ਪੰਚਾਇਤੀ ਚੋਣ ਰੱਦ ਕਰ ਦਿੱਤੀ ਗਈ ਏ। ਇਸ ਸਬੰਧੀ ਚੋਣ ਕਮਿਸ਼ਨ ਵੱਲੋਂ ਅਗਲੇ ਹੁਕਮ ਮਿਲਣ 'ਤੇ ਤੈਅ ਕੀਤਾ ਜਾਵੇਗਾ ਕਿ ਮੁੜ ਵੋਟਾਂ ਕਦੋਂ ਪਵਾਈਆਂ ਜਾਣਗੀਆਂ।

---------------------------------------------------------

ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਦੀਆਂ ਚਾਰ ਵਿਧਾਨ ਸਭਾ ਸੀਟਾਂ ਡੇਰਾ ਬਾਬਾ ਨਾਨਕ, ਚੱਬੇਵਾਲ (ਐਸ.ਸੀ),ਗਿੱਦੜਬਾਹਾ ਅਤੇ ਬਰਨਾਲਾ ਲਈ ਜ਼ਿਮਨੀ ਚੋਣਾਂ ਦਾ ਐਲਾਨ ਕਰ ਦਿੱਤਾ ਗਿਆ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਚਾਰ ਵਿਧਾਨ ਸਭਾ ਹਲਕਿਆਂ ਦੀ ਜ਼ਿਮਨੀ ਚੋਣ ਲਈ ਜਾਰੀ ਕੀਤੇ ਗਏ ਪ੍ਰੋਗਰਾਮ ਮੁਤਾਬਕ 18 ਅਕਤੂਬਰ ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ 25 ਅਕਤੂਬਰ ਹੋਵੇਗੀ ਅਤੇ ਨਾਮਜ਼ਦਗੀ ਪੱਤਰਾਂ ਦੀ ਪੜਤਾਲ 28 ਅਕਤੂਬਰ ਨੂੰ ਕੀਤੀ ਜਾਵੇਗੀ ਜਦਕਿ ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਆਖਰੀ ਤਰੀਕ 30 ਅਕਤੂਬਰ ਏ। ਸਿਬਿਨ ਸੀ ਨੇ ਦੱਸਿਆ ਕਿ ਚਾਰੋਂ ਸੀਟਾਂ ਉੱਤੇ 13 ਨਵੰਬਰ ਨੂੰ ਵੋਟਾਂ ਪੈਣਗੀਆਂ ਅਤੇ 23 ਨਵੰਬਰ ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਨਤੀਜਾ ਐਲਾਨਿਆ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਜ਼ਿਮਨੀ ਚੋਣ ਦੇ ਐਲਾਨ ਨਾਲ ਹੀ ਅੱਜ ਤੋਂ ਯਾਨੀ ਕਿ ਮੰਗਲਵਾਰ ਤੋਂ ਚਾਰ ਜ਼ਿਲ੍ਹਿਆਂ ਗੁਰਦਾਸਪੁਰ, ਹੁਸ਼ਿਆਰਪੁਰ, ਸ੍ਰੀ ਮੁਕਤਸਰ ਸਾਹਿਬ ਅਤੇ ਬਰਨਾਲਾ ਜਿਹਨਾਂ 'ਚ ਇਹ ਵਿਧਾਨ ਸਭਾ ਹਲਕੇ ਮੌਜੂਦ ਨੇ ਵਿੱਚ ਚੋਣ ਜ਼ਾਬਤਾ ਲਾਗੂ ਹੋ ਗਿਆ ਏ। ਚੋਣ ਜ਼ਾਬਤਾ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ 25 ਨਵੰਬਰ, 2024 (ਸੋਮਵਾਰ) ਤੱਕ ਲਾਗੂ ਰਹੇਗਾ।

---------------------------------------------------------

ਅੱਜ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਲਿੰਕ ਸੜਕਾਂ ਲੋਕਾਂ ਤੱਕ ਵਸਤੂਆਂ ਅਤੇ ਸੇਵਾਵਾਂ ਦੀ ਨਿਰਵਿਘਨ ਸਪਲਾਈ ਤੋਂ ਇਲਾਵਾ ਉਹਨਾਂ ਦੇ ਆਉਣ-ਜਾਣ ਲਈ ਬਹੁਤ ਮਦਦਗਾਰ ਹੁੰਦੀਆਂ ਨੇ . ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸੂਬੇ ਭਰ ਵਿੱਚ ਇਨ੍ਹਾਂ ਪੇਂਡੂ ਲਿੰਕ ਸੜਕਾਂ ਨੂੰ ਚੌੜਾ, ਮਜ਼ਬੂਤ ਅਤੇ ਅਪਗ੍ਰੇਡ ਕਰਕੇ ਲਿੰਕ ਸੜਕਾਂ ਦੇ ਬੁਨਿਆਦੀ

ਢਾਂਚੇ ਨੂੰ ਨਵਾਂ ਰੂਪ ਦੇਣ ਦਾ ਫੈਸਲਾ ਕੀਤਾ ਏ । ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਇਸ ਸੜਕੀ ਨੈੱਟਵਰਕ ਦੀ ਮਹੱਤਤਾ ਨੂੰ ਦੇਖਦੇ ਹੋਏ ਸੂਬਾ ਸਰਕਾਰ ਵੱਲੋਂ ਇਹ ਅਹਿਮ ਫੈਸਲਾ ਲਿਆ ਗਿਆ ਏ । ਮੁਖ - ਮੰਤਰੀ ਨੇ ਇਨ੍ਹਾਂ ਸੜਕਾਂ ਦੀ ਉਸਾਰੀ ਦੀ ਲੋੜ 'ਤੇ ਜ਼ੋਰ ਦਿੱਤਾ ਤੇ ਕਿਹਾ ਕਿ ਇਨ੍ਹਾਂ ਸੜਕਾਂ ਨੂੰ ਤਰਜੀਹੀ ਤੌਰ 'ਤੇ ਸ਼੍ਰੇਣੀਬੱਧ ਕਰਕੇ ਉਸਾਰਿਆ ਜਾਣਾ ਚਾਹੀਦਾ ਏ ਤਾਂ ਜੋ ਲੋਕਾਂ ਨੂੰ ਇਸ ਦਾ ਭਰਪੂਰ ਲਾਭ ਮਿਲ ਸਕੇ। ਓਹਨਾਂ ਇਹ ਵੀ ਕਿਹਾ ਕਿ ਇਨ੍ਹਾਂ ਸੜਕਾਂ ਦੀ ਲੋੜ ਅਤੇ ਤਰਜੀਹ ਦੇ ਆਧਾਰ 'ਤੇ ਉਸਾਰੀ ਲਈ ਜ਼ਮੀਨੀ ਪੱਧਰ 'ਤੇ ਸਰਵੇਖਣ ਨੂੰ ਯਕੀਨੀ ਬਣਾਇਆ ਜਾਣਾ ਚਾਹੀਦਾ ਏ ।

---------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਊਟਸੋਰਸਡ ਡਿਜ਼ੀਟਲ ਕਾਰੋਬਾਰੀ ਸੇਵਾਵਾਂ ਲਈ ਗਲੋਬਲ ਲੀਡਰ ਟੈਲੀ-ਪਰਫਾਰਮੈਂਸ (ਟੀ.ਪੀ.) ਦੇ ਚੇਅਰਮੈਨ ਅਤੇ ਸੀ.ਈ.ਓ. ਡੇਨੀਅਲ ਜੂਲੀਅਨ ਨਾਲ ਆਪਣੀ ਸਰਕਾਰੀ ਰਿਹਾਇਸ਼ 'ਤੇ ਮੀਟਿੰਗ ਦੌਰਾਨ ਨੇ ਕਿਹਾ ਕਿ ਸੂਬੇ ਵਿੱਚ ਇਸ ਵਿਸ਼ਾਲ ਖੇਤਰ ਵਿੱਚ ਕਾਫੀ ਸੰਭਾਵਨਾਵਾਂ ਨੇ । ਉਨ੍ਹਾਂ ਇਸ ਗੱਲ ਦੀ ਸ਼ਲਾਘਾ ਕੀਤੀ ਕਿ ਟੈਲੀ-ਪਰਫਾਰਮੈਂਸ ਦੇ ਮੋਹਾਲੀ ਵਿੱਚ 16 ਹਜ਼ਾਰ ਤੋਂ ਵੱਧ ਮੁਲਾਜ਼ਮ ਨੇ । ਉਨ੍ਹਾਂ ਸ੍ਰੀ ਜੂਲੀਅਨ ਨੂੰ ਪੰਜਾਬ ਵਿੱਚ ਹੋਰ ਪਸਾਰ ਲਈ ਵਿਚਾਰ ਕਰਨ ਦੀ ਅਪੀਲ ਕੀਤੀ ਅਤੇ ਸ੍ਰੀ ਜੂਲੀਅਨ ਨੇ ਇਸ ਪੇਸ਼ਕਸ਼ ਨੂੰ ਸਵੀਕਾਰ ਕਰ ਲਿਆ। ਮੁੱਖ ਮੰਤਰੀ ਨੇ ਕਿਹਾ ਕਿ ਮੋਹਾਲੀ ਸੱਚਮੁੱਚ ਭਾਰਤ ਦੇ ਸੂਚਨਾ ਤਕਨਾਲਜੀ ਕੇਂਦਰ ਵਜੋਂ ਉੱਭਰ ਰਿਹਾ ਏ ਅਤੇ ਕਿਹਾ ਕਿ ਟੈਲੀ-ਪਰਫਾਰਮੈਂਸ ਦੁਨੀਆ ਭਰ ਦੇ 100 ਦੇਸ਼ਾਂ ਵਿੱਚ ਪੰਜ ਲੱਖ ਤੋਂ ਵੱਧ ਮੁਲਾਜ਼ਮਾਂ ਦੇ ਨਾਲ ਆਊਟਸੋਰਸਡ ਡਿਜੀਟਲ ਬਿਜ਼ਨਸ ਸੇਵਾਵਾਂ ਪ੍ਰਦਾਨ ਕਰਨ ਵਾਲੀ ਮੋਹਰੀ ਆਲਮੀ ਕੰਪਨੀ ਏ । ਭਗਵੰਤ ਸਿੰਘ ਮਾਨ ਨੇ ਕੰਪਨੀ ਨੂੰ ਸੂਬੇ ਵਿੱਚ ਵਿਸਥਾਰ ਦੀਆਂ ਯੋਜਨਾਵਾਂ ਲਈ ਪੂਰਨ ਸਹਿਯੋਗ ਅਤੇ ਤਾਲਮੇਲ ਦਾ ਭਰੋਸਾ ਦਿੱਤਾ। ਉਨ੍ਹਾਂ ਆਸ ਪ੍ਰਗਟਾਈ ਕਿ ਟੈਲੀਪਰਫਾਰਮੈਂਸ ਗਰੁੱਪ ਦਾ ਹੋਰ ਵਿਸਤਾਰ ਇੱਕ ਪਾਸੇ ਵਿਕਾਸ ਦੀ ਗਤੀ ਨੂੰ ਤੇਜ਼ ਕਰੇਗਾ ਅਤੇ ਦੂਜੇ ਪਾਸੇ ਨੌਜਵਾਨਾਂ ਨੂੰ ਨੌਕਰੀਆਂ ਮੁਹੱਈਆ ਕਰੇਗਾ ।

---------------------------------------------------------

ਜ਼ਿਲਾ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਚ ਜ਼ਿਲਾ ਪ੍ਰਸ਼ਾਸਨ ਵਲੋਂ ਝੋਨੇ ਦੇ ਨਾੜ ਦੇ ਯੋਗ ਪ੍ਰਬੰਧਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਨੇ। ਦੀਨਾਨਗਰ ਦੇ ਐਸ. ਡੀ. ਐਮ, ਜਸਪਿੰਦਰ ਸਿੰਘ ਨੇ ਦੱਸਿਆ ਕਿ ਪਿੰਡਾਂ ਵਿੱਚ ਬੇਲਰਾਂ ਨਾਲ ਪਿੰਡ ਜੋਗਰ ਸਮੇਤ ਵੱਖ-ਵੱਖ ਪਿੰਡਾਂ ਵਿੱਚ ਪਰਾਲੀ ਇਕੱਠੀ ਕੀਤੀ ਗਈ ਏ। ਓਹਨਾ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਝੋਨੇ ਦੀ ਕਟਾਈ ਤੋਂ ਬਾਅਦ ਪਰਾਲੀ/ਨਾੜ ਨੂੰ ਅੱਗ ਨਾ ਲਗਾਉਣ। ਖੇਤੀਬਾੜੀ ਵਿਭਾਗ ਵਲੋਂ ਪਰਾਲੀ ਦੇ ਪ੍ਰਬੰਧਨ ਲਈ ਯੋਗ ਪ੍ਰਬੰਧ ਕੀਤੇ ਨੇ ਅਤੇ ਜੇਕਰ ਕਿਸੇ ਕਿਸਾਨ ਨੂੰ ਪਰਾਲੀ ਦੇ ਨਿਪਟਾਉਣ ਸਬੰਧੀ ਕੋਈ ਮੁਸ਼ਕਿਲ ਆਉਂਦੀ ਏ ਤਾਂ ਨੇੜਲੇ ਖੇਤੀਬਾੜੀ ਵਿਭਾਗ ਦੇ ਦਫਤਰ ਨਾਲ ਸੰਪਰਕ ਕਰ ਸਕਦੇ ਨੇ ਜਾਂ ਹੈਲਪ ਲਾਈਨ ਨੰਬਰ 1800-180-1852 'ਤੇ ਸੰਪਰਕ ਕੀਤਾ ਜਾ ਸਕਦਾ ਏ।

---------------------------------------------------

ਖੇਤਾਂ ਵਿੱਚ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵਿੱਚ ਅਚਾਨਕ ਹੋਏ ਵਾਧੇ ਨੂੰ ਲੈ ਕੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਸਾਰੇ ਭਾਗੀਦਾਰਾਂ ਨੂੰ ਸਖਤੀ ਨਾਲ ਕਿਹਾ ਕਿ ਹੁਣ ਤੋਂ ਡਿਊਟੀ ਚ ਲਾਪ੍ਰਵਾਹੀ ਕਰਨ ਵਾਲੇ ਨੋਡਲ ਅਫਸਰਾਂ ਅਤੇ ਸਬੰਧਤ ਐਸ ਐਚ ਓ/ਬੀਟ ਅਫਸਰ ਖ਼ਿਲਾਫ਼ ਹਵਾ ਦੀ ਗੁਣਵੱਤਾ ਦੇ ਪ੍ਰਬੰਧ ਬਾਰੇ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਦਾਲਤ ਚ ਕੇਸ ਦਾਇਰ ਕੀਤੇ ਜਾਣਗੇ। ਓਹਨਾਂ ਨੇ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਸਾਰੇ ਜ਼ਿੰਮੇਵਾਰ ਵਿਅਕਤੀਆਂ ਸਮੇਤ ਅਧਿਕਾਰੀਆਂ ਨੂੰ ਸੁਪਰੀਮ ਕੋਰਟ, ਨੈਸ਼ਨਲ ਗ੍ਰੀਨ ਟ੍ਰਿਬਿਊਨਲ ਅਤੇ ਹਵਾ ਦੀ ਗੁਣਵੱਤਾ ਦੇ ਪ੍ਰਬੰਧ ਬਾਰੇ ਕਮਿਸ਼ਨ ਵੱਲੋਂ ਜਾਰੀ ਨਿਰਦੇਸ਼ਾਂ ਦੀ ਉਲੰਘਣਾ 'ਤੇ ਜਵਾਬ ਦਾਇਰ ਕਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਪਰਾਲੀ ਨਿਪਟਾਰਾ ਮਸ਼ੀਨਰੀ ਦਾ ਵੱਡੀ ਗਿਣਤੀ ਵਿੱਚ ਪ੍ਰਬੰਧ ਹੋਣ ਦੇ ਬਾਵਜੂਦ ਵੀ ਪਰਾਲੀ ਸਾੜਨ ਦੀਆਂ ਘਟਨਾਵਾਂ ਬਰਦਾਸ਼ਤ ਕਰਨ ਯੋਗ ਨਹੀਂ ਨੇ। ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮਜ਼ ਨੂੰ ਕਿਸਾਨਾਂ ਤੱਕ ਇਨ੍ਹਾਂ ਮਸ਼ੀਨਾਂ ਦੀ ਪਹੁੰਚ ਵਧਾਉਣ ਦੇ ਨਿਰਦੇਸ਼ ਵੀ ਦਿੱਤੇ। ਇਸੇ ਦੌਰਾਨ ਅੱਜ ਖੇਤਾਂ ਵਿੱਚ ਕੰਮ ਕਰ ਰਹੀਆਂ ਟੀਮਾਂ ਨੇ ਖੇਤਾਂ ਵਿੱਚ ਪਹੁੰਚ ਕੇ ਅੱਗ ਵੀ ਬੁਝਾਈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ

ਕਿ ਉਹ ਪਰਾਲੀ ਨੂੰ ਨਿਪਟਾਉਣ ਲਈ ਸਾਡੇ ਹੈਲਪਲਾਈਨ ਨੰਬਰ 0183-2229125 ਤੇ ਸੰਪਰਕ ਕਰਨ।

-----------------------------------------------------

ਪੰਜਾਬ ਵਿਚ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤਾਂ ਵਿੱਚ ਹੀ ਰਲਾਉਣ ਅਤੇ ਸੁਚੱਜੇ ਸੰਭਾਲ ਦੀ ਅਪੀਲ ਕੀਤੀ ਜਾ ਰਹੀ ਏ । ਮੋਗਾ ਤੋਂ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗੀ ਨਿਰਦੇਸ਼ਕ ਡਾ. ਅਮਨਦੀਪ ਸਿੰਘ ਬਰਾੜ ਅਤੇ ਕਿਸਾਨ ਕੁਲਬੀਰ ਸਿੰਘ ਨੇ ਵੀ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ

-----------------------------------------------------

ਪੰਜਾਬ ਸਰਕਾਰ ਵੱਲੋਂ ਆਉਂਦੇ ਤਿਉਹਾਰਾਂ ਦੌਰਾਨ ਦੀਵਾਲੀ, ਗੁਰਪੁਰਬ, ਕ੍ਰਿਸਮਸ ਅਤੇ ਨਵੇਂ ਸਾਲ ਮੌਕੇ ਸੂਬੇ ਵਿੱਚ ਪਟਾਕਿਆਂ ਦੀ ਵਿਕਰੀ ਅਤੇ ਵਰਤੋਂ ਸਬੰਧੀ ਵਿਆਪਕ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ । ਸੂਬਾ ਸਰਕਾਰ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਤਿਉਹਾਰਾਂ ਵਿੱਚ ਆਮ ਤੌਰ 'ਤੇ ਪਟਾਕਿਆਂ ਦੀ ਵਰਤੋਂ ਕੀਤੀ ਜਾਂਦੀ ਹੈ, ਜਿਸ ਨਾਲ ਬਜ਼ੁਰਗਾਂ ਸਮੇਤ ਸਾਹ ਦੀ ਬੀਮਾਰੀ ਨਾਲ ਪੀੜਤ ਮਰੀਜ਼ਾਂ ਦੀ ਸਿਹਤ 'ਤੇ ਮਾੜਾ ਪ੍ਰਭਾਵ ਪੈ ਸਕਦਾ ਏ । ਬੁਲਾਰੇ ਨੇ ਸੁਪਰੀਮ ਕੋਰਟ ਅਤੇ ਨੈਸ਼ਨਲ ਗ੍ਰੀਨ –ਟ੍ਰਿਬਿਊਨਲ ਦੇ ਹੁਕਮਾਂ ਦਾ ਹਵਾਲਾ ਵੀ ਦਿੱਤਾ, ਜੋ ਪਟਾਕਿਆਂ ਦੀ ਵਰਤੋਂ ਬਾਰੇ ਸੂਬਾ ਸਰਕਾਰ ਵੱਲੋਂ ਪਾਲਣਾ ਕਰਨਾ ਯਕੀਨੀ ਬਣਾਉਣ ਲਈ ਸਮੇਂਸਮੇਂ 'ਤੇ ਜਾਰੀ ਕੀਤੇ ਜਾਂਦੇ ਨੇ । ਇਨ੍ਹਾਂ ਹੁਕਮਾਂ ਦੇ ਅਨੁਸਾਰ, ਚੁਗਿਰਦੇ ਦੀ ਸੁਰੱਖਿਆ ਬਾਰੇ ਕਾਨੂੰਨ , 1986 ਦੀ ਧਾਰਾ 5 ਅਧੀਨ ਕੇਂਦਰ ਸਰਕਾਰ ਦੁਆਰਾ ਸੌਂਪੀਆਂ ਗਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ , ਪੰਜਾਬ ਸਰਕਾਰ ਸੂਬੇ ਭਰ ਵਿੱਚ ਪਟਾਕਿਆਂ ਦੀ ਵਿਕਰੀ ਅਤੇ ਵਰਤੋਂ ਸਬੰਧੀ ਮਨਾਹੀ, ਪਾਬੰਦੀਆਂ ਅਤੇ ਨੇਮਾਂ ਨੂੰ ਲਾਗੂ ਕਰਦੀ ਏ । ਉਨ੍ਹਾਂ ਕਿਹਾ ਕਿ ਪਟਾਕਿਆਂ ਦੀ ਲੜੀ ਦੇ ਨਿਰਮਾਣ , ਭੰਡਾਰਨ, ਵੰਡ , ਵਿਕਰੀ ਅਤੇ ਵਰਤੋਂ 'ਤੇ ਰਾਜ ਵਿਆਪੀ ਪਾਬੰਦੀ ਲਾਈ ਗਈ ਏ । ਸਿਰਫ਼ 'ਹਰੇ ਪਟਾਕੇ' ਭਾਵ ਚੁਗਿਰਦੇ ਪੱਖੀ ਪਟਾਕੇ , ਜਿਹਨਾਂ ਵਿੱਚ ਬੇਰੀਅਮ ਸਾਲਟਸ ਜਾਂ ਐਂਟੀਮੋਨੀ, ਲਿਥੀਅਮ, ਪਾਰਾ, ਆਰਸੈਨਿਕ, ਲੀਡ ਜਾਂ ਸਟ੍ਰੋਂਟੀਅਮ ਕ੍ਰੋਮੇਟ ਦੇ ਮਿਸ਼ਰਣਾਂ ਦੀ ਵਰਤੋਂ ਨਹੀਂ ਕੀਤੀ ਜਾਂਦੀ , ਦੀਵਿਕਰੀ ਅਤੇ ਵਰਤੋਂ ਲਈ ਆਗਿਆ ਦਿੱਤੀ ਗਈ ਏ। ਵਿਕਰੀ ਸਿਰਫ਼ ਮਨਜ਼ੂਰਸ਼ੁਦਾ ਪਟਾਕਿਆਂ ਦਾ ਵਪਾਰ

ਕਰਨ ਵਾਲੇ ਲਾਇਸੰਸਸ਼ੁਦਾ ਵਪਾਰੀਆਂ ਤੱਕ ਸੀਮਤ ਏ ਅਤੇ ਮਨਜ਼ੂਰਸ਼ੁਦਾ ਡੈਸੀਬਲ ਪੱਧਰ ਤੋਂ ਵੱਧ ਸਮਰੱਥਾ ਵਾਲੇ ਪਟਾਕਿਆਂ ਨੂੰ ਸਟੋਰ ਕਰਨ, ਉਨ੍ਹਾਂਦਾ ਵਿਖਾਵਾ ਕਰਨ ਜਾਂ ਵੇਚਣ ਦੀ ਮਨਾਹੀ ਏ। ਬੁਲਾਰੇ ਨੇ ਕਿਹਾ ਕਿ ਈ ਕਾਮਰ੍ਸ ਪਲੈਟਫਾਰਮਾਂ 'ਤੇ ਪੰਜਾਬ ਰਾਜ ਦੇ ਅੰਦਰ ਆਨਲਾਈਨ ਆਰਡਰ ਲੈਣ ਜਾਂ ਵਿਕਰੀ ਕਰਨ 'ਤੇ ਸਖ਼ਤ ਮਨਾਹੀ ਕੀਤੀ ਗਈ ਏ।

-----------------------------------------------------------

<u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਪੰਜਾਬ ਵਿੱਚ ਪੰਚਾਇਤੀ ਚੋਣਾਂ ਲਈ ਅੱਜ ਸਵੇਰੇ 8 ਵਜੇ ਸ਼ੁਰੂ ਹੋਈ ਪੋਲਿੰਗ ਖਤਮ ਹੋ ਗਈ ਏ । ਵੋਟਾਂ ਦੀ ਗਿਣਤੀ ਸਖਤ ਸੁਰਖਿਆ ਪ੍ਰਬੰਧਾਂ ਹੇਠ ਕੀਤੀ ਜਾ ਰਹੀ ਏ .
- ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਦੀਆਂ ਚਾਰ ਵਿਧਾਨ ਸਭਾ ਸੀਟਾਂ ਡੇਰਾ ਬਾਬਾ ਨਾਨਕ, ਚੱਬੇਵਾਲ (ਐਸ.ਸੀ),ਗਿੱਦੜਬਾਹਾ ਅਤੇ ਬਰਨਾਲਾ ਲਈ ਜ਼ਿਮਨੀ ਚੋਣਾਂ ਦਾ ਐਲਾਨ ਕਰ ਦਿੱਤਾ ਗਿਆ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅਧਿਕਾਰੀਆਂ ਨੂੰ ਕਰੀਬ 2 ਹਜ਼ਾਰ 436 ਕਰੋੜ ਰੁਪਏ ਦੀ ਲਾਗਤ ਨਾਲ 13 ਹਜ਼ਾਰ 400 ਕਿਲੋਮੀਟਰ ਲਿੰਕ ਸੜਕਾਂ ਬਣਾਉਣ ਦੇ ਨਿਰਦੇਸ਼ ਦਿੱਤੇ ਨੇ।
- ਪੰਜਾਬ ਸਰਕਾਰ ਵੱਲੋਂ ਆਉਂਦੇ ਤਿਉਹਾਰਾਂ ਦੌਰਾਨ ਦੀਵਾਲੀ, ਗੁਰਪੁਰਬ, ਕ੍ਰਿਸਮਸ ਅਤੇ ਨਵੇਂ ਸਾਲ ਮੌਕੇ ਸੂਬੇ ਵਿੱਚ ਪਟਾਕਿਆਂ ਦੀ ਵਿਕਰੀ ਅਤੇ ਵਰਤੋਂ ਸਬੰਧੀ ਵਿਆਪਕ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ।